28-Oct-MNS-Pages.qxd 10/28/2025 10:09 PM Page 2

ਅਤਲਾ ਕਲਾਂ 'ਚ ਪਰਾਲੀ ਪ੍ਰਬੰਧਨ ਸੰਬੰਧੀ ਕੈਂਪ ਲਗਾਇਆ

ਭੀਖੀ, 28 ਅਕਤੂਬਰ (ਪ. ਪ)- ਪਿੰਡ ਅਤਲਾ ਕਲਾਂ ਵਿਖੇ ਖੇਤੀ ਵਿਗਿਆਨ ਕੇਂਦਰ ਮਾਨਸਾ ਵਲੋਂ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਅਲੋਕ ਗੁਪਤਾ ਸਹਾਇਕ ਪ੍ਰੋਫੈਸਰ (ਮਿੱਟੀ ਤੇ ਪਾਣੀ ਇੰਜ.) ਨੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਬਾਰੇ ਦੱਸਿਆ। ਉਨ੍ਹਾਂ ਪਰਾਲੀ ਖੇਤ ਵਿਚ ਵਾਹੁਣ ਦੀ ਸਲਾਹ ਦਿੰਦਿਆਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਲੋਂ ਵਿਕਸਿਤ ਕੀਤੇ ਸਰਫੇਸ ਸੀਡਰ, ਸਮਾਰਟ ਸੀਡਰ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਡਾ. ਅਜੈ ਸਿੰਘ ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਝੋਨੇ ਦੀ ਪਰਾਲੀ ਨੂੰ ਪਸ਼ੂਆਂ ਦੀ ਖੁਰਾਕ ਅਤੇ ਡੇਅਰੀ ਵਿਚ ਬੈਡਿੰਗ ਸਮੱਗਰੀ ਵਜੋਂ ਵਰਤਣ ਬਾਰੇ ਅਤੇ ਡਾ. ਰਣਵੀਰ ਸਿੰਘ ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਕਰਦੇ ਸਮੇਂ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਕਿਸਮਾਂ ਅਤੇ ਕਾਸ਼ਤ ਦੇ ਢੰਗ ਅਪਨਾਉਣ ਲਈ ਕਿਹਾ।

1 ਕਿੱਲੋ ਗਾਂਜਾ ਫੜਿਆ

ਮਾਨਸਾ, 28 ਅਕਤੂਬਰ (ਵਿ.ਪ੍ਰਤੀ)- ਥਾਣਾ ਭੀਖੀ ਪੁਲਿਸ ਨੇ ਸ਼ਮਸ਼ਾਨ ਘਾਟ ਭੀਖੀ ਨੇੜੇ ਨੀਸ਼ਾ ਰਾਣੀ ਵਾਸੀ ਭੀਖੀ ਤੋਂ 1 ਕਿੱਲੋਗ੍ਰਾਮ ਗਾਂਜਾ ਫੜਿਆ। ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਪਰਚਾ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਸਕੂਲ ਆਫ਼ ਐਮੀਨੈਂਸ ਸਕੂਲ ਬੋਹਾ ਵਿਖੇ ਰਾਈਫ਼ਲ ਸ਼ੂਟਿੰਗ ਮੁਕਾਬਲਿਆਂ ਦੀਆਂ ਜੇਤੂ ਖਿਡਾਰਨਾਂ ਦਾ ਸਨਮਾਨ ਕਰਦੇ ਹੋਏ ਪ੍ਰਬੰਧਕ। ਅਜੀਤ ਤਸਵੀਰ

ਸਕੂਲ ਆਫ਼ ਐਮੀਨੈਂਸ ਬੋਹਾ ਦੀਆਂ ਖਿਡਾਰਨਾਂ ਨੇ ਸੂਬਾ ਪੱਧਰੀ ਰਾਈਫ਼ਲ ਸ਼ੂਟਿੰਗ ਮੁਕਾਬਲਿਆਂ 'ਚ ਪਹਿਲਾ ਸਥਾਨ ਮੱਲਿਆ

ਬੋਹਾ, 28 ਅਕਤੂਬਰ (ਰਮੇਸ਼ ਤਾਂਗੜੀ)- ਸ਼ਹੀਦ ਜਗਸੀਰ ਸਿੰਘ ਸਕੂਲ ਆਫ਼ ਐਮੀਨੈਂਸ ਬੋਹਾ ਦੀਆਂ ਖਿਡਾਰਨਾਂ ਨੇ 69ਵੀਆਂ ਰਾਜ ਪੱਧਰੀ ਰਾਈਫ਼ਲ ਸ਼ੂਟਿੰਗ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਹੈ। ਸਰਕਾਰੀ ਸ਼ੂਟਿੰਗ ਰੇਂਜ ਐੱਸ.ਏ.ਐੱਸ. ਨਗਰ (ਮੋਹਾਲੀ) ਵਿਖੇ ਕਰਵਾਏ ਇਨ੍ਹਾਂ ਮੁਕਾਬਲਿਆਂ ਵਿਚ ਅੰਡਰ-17 ਸਾਲ ਵਰਗ ਲੜਕੀਆਂ 'ਚ ਏਅਰ ਰਾਈਫ਼ਲ ਓਪਨ ਸਾਈਟ ਈਵੈਂਟ 'ਚ ਜੈਸਮੀਨ ਕੌਰ ਤੇ ਰਮਨਪ੍ਰੀਤ ਕੌਰ ਨੇ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ। ਜ਼ਿਕਰਯੋਗ ਹੈ ਕਿ ਇਸ ਸਕੂਲ ਦੇ ਖਿਡਾਰੀਆਂ ਨੇ 2018 ਤੋਂ ਅੱਜ ਤੱਕ ਰਾਈਫ਼ਲ ਸ਼ੂਟਿੰਗ ਦੇ ਰਾਜ ਪੱਧਰੀ ਮੁਕਾਬਲਿਆਂ 'ਚ 12 ਤਗਮੇ ਅਤੇ ਰਾਸ਼ਟਰੀ ਪੱਧਰ ਦੇ ਰਾਈਫ਼ਲ ਸ਼ੂਟਿੰਗ ਮੁਕਾਬਲਿਆਂ 'ਚ 1 ਮੈਡਲ ਪ੍ਰਾਪਤ ਕਰ ਚੁੱਕੇ ਹਨ ਅਤੇ ਸੈਸ਼ਨ 2024-2025 ਦੌਰਾਨ ਸਕੂਲ ਦੀ ਖਿਡਾਰਨ ਨੇ ਰਾਸ਼ਟਰ ਪੱਧਰ ਦੇ ਰਾਈਫ਼ਲ ਸ਼ੂਟਿੰਗ ਮੁਕਾਬਲਿਆਂ ਵਿਚ ਭਾਗ ਵੀ ਲਿਆ। ਇਸ ਮੌਕੇ ਸੁਖਜੀਤ ਕੌਰ ਪ੍ਰਧਾਨ ਨਗਰ ਪੰਚਾਇਤ ਬੋਹਾ, ਪ੍ਰਿੰਸੀਪਲ ਹਰਿੰਦਰ ਸਿੰਘ ਭੁੱਲਰ, ਗੁਰਜੀਤ ਕੌਰ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਅਧਿਆਪਕ ਬਲਵਿੰਦਰ ਸਿੰਘ, ਕਮਲਜੀਤ ਸਿੰਘ ਬਾਵਾ, ਰਾਜਵਿੰਦਰ ਸਿੰਘ, ਸੂਬੇਦਾਰ ਗੁਰਦੀਪ ਸਿੰਘ, ਸੰਤੋਖ ਸਿੰਘ, ਅੰਮ੍ਰਿਤਪਾਲ ਕੌਰ, ਜਸਵੀਰ ਸਿੰਘ, ਜਸਪਾਲ ਕੌਰ, ਸੂਰਤ ਸਿੰਘ ਫ਼ੌਜੀ, ਹਰਪਾਲ ਸਿੰਘ ਪੰਮੀ, ਦਰਸ਼ਨ ਸਿੰਘ ਘਾਰੂ, ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

ਥਾਣਾ ਸਾਂਝ ਕੇਂਦਰ ਜੋਗਾ ਵਲੋਂ ਜਾਗਰੂਕਤਾ ਕੈਂਪ

ਜੋਗਾ, 28 ਅਕਤੂਬਰ (ਚਹਿਲ)- ਥਾਣਾ ਸਾਂਝ ਕੇਂਦਰ ਜੋਗਾ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉੱਭਾ ਬੁਰਜ ਢਿੱਲਵਾਂ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਮੁੱਖ ਅਫ਼ਸਰ ਥਾਣਾ ਜੋਗਾ ਐੱਸ.ਆਈ. ਗੁਰਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਵਿਜੀਲੈਂਸ ਵਿਭਾਗ ਦੀਆਂ ਸੇਵਾਵਾਂ, ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਕਮਿਊਨਿਟੀ ਪੁਲਿਸਿੰਗ, ਟਰੈਫ਼ਿਕ ਨਿਯਮਾਂ, ਸਾਇਬਰ ਕ੍ਰਾਈਮ, ਹੈਲਪ ਲਾਈਨ ਨੰਬਰਾਂ ਤੇ ਸਾਂਝ ਕੇਂਦਰ ਵਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਵਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਹੌਲਦਾਰ ਪ੍ਰਦੀਪ ਸਿੰਘ, ਬੇਅੰਤ ਕੌਰ ਆਦਿ ਹਾਜ਼ਰ ਸਨ।

ਪਰਾਲੀ ਨੂੰ ਅੱਗ ਲਗਾਉਣ 'ਤੇ ਮੁਕੱਦਮਾ ਦਰਜ

ਮਾਨਸਾ, 28 ਅਕਤੂਬਰ (ਵਿ.ਪ੍ਰਤੀ)- ਪਿੰਡ ਕਾਹਨਗੜ੍ਹ ਵਿਖੇ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਕਿਸਾਨ ਜਗਦੇਵ ਸਿੰਘ ਵਾਸੀ ਕਾਹਨਗੜ੍ਹ ਨੇ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਈ ਹੋਈ ਸੀ, ਜਿਸ ਖ਼ਿਲਾਫ਼ ਧਾਰਾ 223 ਬੀ.ਐਨ.ਐਸ. ਤਹਿਤ ਕਾਰਵਾਈ ਕੀਤੀ ਗਈ ਹੈ।

ਸ਼ਹੀਦੀ ਨਗਰ ਕੀਰਤਨ ਦੀਆਂ ਤਿਆਰੀਆਂ ਸੰਬੰਧੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਈ ਇਕੱਤਰਤਾ

ਪੰਜਾਬ 'ਚ ਵੱਖ-ਵੱਖ ਪੜਾਵਾਂ 'ਤੇ ਨਗਰ ਕੀਰਤਨ ਦੇ ਪ੍ਰਬੰਧਾਂ ਦੀ ਕੀਤੀ ਸਮੀਖਿਆ

ਤਲਵੰਡੀ ਸਾਬੋ, 28 ਅਕਤੂਬਰ (ਰਣਜੀਤ ਸਿੰਘ ਰਾਜੂ, ਰਵਜੋਤ ਸਿੰਘ ਰਾਹੀ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਕਰਵਾਏ ਸ਼ਹੀਦੀ ਨਗਰ ਕੀਰਤਨ ਦੇ 29 ਅਕਤੂਬਰ ਨੂੰ ਪੰਜਾਬ ਪੁੱਜਣ ਤੋਂ ਇਲਾਵਾ 31 ਅਕਤੂਬਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਪੁੱਜਣ ਤੇ 1 ਨਵੰਬਰ ਨੂੰ ਰਵਾਨਗੀ ਦੀਆਂ ਤਿਆਰੀਆਂ ਲਈ ਸਮੀਖਿਆ ਮੀਟਿੰਗ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਿੰਘ ਸਾਹਿਬ ਜਥੇਦਾਰ ਬਾਬਾ ਟੇਕ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ 'ਚ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ, ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਪ੍ਰਧਾਨਾਂ ਅਤੇ ਮਾਲਵਾ ਜੋਨ ਦੇ ਪ੍ਰਚਾਰਕ/ਢਾਡੀ ਅਤੇ ਕਵੀਸ਼ਰ ਸਿੰਘਾਂ ਤੋਂ ਕੀਤੇ ਗਏ ਪ੍ਰਬੰਧਾਂ ਦੀ ਜਾਣਕਾਰੀ ਲਈ ਅਤੇ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਪ੍ਰਤਾਪ ਸਿੰਘ ਤੇ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਦੇਸ਼ ਦੇ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਇਹ ਨਗਰ ਕੀਰਤਨ 29 ਅਕਤੂਬਰ 2025 ਨੂੰ ਕੈਥਲ ਹਰਿਆਣਾ ਤੋਂ ਚਲ ਕੇ ਪੰਜਾਬ ਵਿਚ ਦਾਖ਼ਲ ਹੋਵੇਗਾ ਅਤੇ ਰਾਤ ਦਾ ਪੜਾਅ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ, ਸੰਗਰੂਰ ਵਿਖੇ ਹੋਵੇਗਾ। 30 ਅਕਤੂਬਰ ਨੂੰ ਨਗਰ ਕੀਰਤਨ ਸੰਗਰੂਰ ਤੋਂ ਗੁਰਦੁਆਰਾ ਗੁਰੂਸਰ ਸਾਹਿਬ ਹੰਢਿਆਇਆ, ਬਰਨਾਲਾ, 31 ਅਕਤੂਬਰ ਨੂੰ ਬਰਨਾਲਾ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, 1 ਨਵੰਬਰ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਮੁਕਤਸਰ ਸਾਹਿਬ, 2 ਨਵੰਬਰ ਨੂੰ ਸ੍ਰੀ ਮੁਕਤਸਰ ਸਾਹਿਬ ਤੋਂ ਗੁਰਦੁਆਰਾ ਖ਼ਾਲਸਾ ਦੀਵਾਨ ਫ਼ਰੀਦਕੋਟ ਅਤੇ 3 ਨਵੰਬਰ ਨੂੰ ਫ਼ਰੀਦਕੋਟ ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਪੁੱਜੇਗਾ। ਇਸੇ ਤਰ੍ਹਾਂ 4 ਨਵੰਬਰ ਨੂੰ ਨਗਰ ਕੀਰਤਨ ਸੁਲਤਾਨਪੁਰ ਲੋਧੀ ਤੋਂ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ, 5 ਨਵੰਬਰ ਨੂੰ ਸ੍ਰੀ ਗੋਇੰਦਵਾਲ ਸਾਹਿਬ ਤੋਂ ਸ੍ਰੀ ਦਰਬਾਰ ਸਾਹਿਬ ਤਰਨਤਾਰਨ, 6 ਨਵੰਬਰ ਨੂੰ ਤਰਨਤਾਰਨ ਤੋਂ ਗੁਰਦੁਆਰਾ ਪਾ: ਛੇਵੀਂ ਛੇਹਰਟਾ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਹੁੰਦਾ ਹੋਇਆ 7 ਨਵੰਬਰ ਨੂੰ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚੇਗਾ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਇਹ ਨਗਰ ਕੀਰਤਨ ਵੱਖ-ਵੱਖ ਜ਼ਿਲ੍ਹਿਆਂ ਤੋਂ ਹੁੰਦਾ ਹੋਇਆ 23 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਕੇ ਸੰਪੂਰਨ ਹੋਵੇਗਾ। ਉੱਧਰ ਤਖਤ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਨੇ ਮਾਲਵੇ ਖ਼ਿੱਤੇ ਦੀਆਂ ਸਮੂਹ ਸੰਗਤਾਂ ਨੂੰ ਨਗਰ ਕੀਰਤਨ ਦੇ ਸਵਾਗਤ ਲਈ ਵੱਧ ਚੜ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਮੀਟਿੰਗ 'ਚ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜੋਗਿੰਦਰ ਕੌਰ, ਮੀਤ ਸਕੱਤਰ ਬਲਵਿੰਦਰ ਸਿੰਘ ਖੈਰਾਬਾਦ, ਤਖ਼ਤ ਸਾਹਿਬ ਦੇ ਮੈਨੇਜਰ ਨਰਿੰਦਰਜੀਤ ਸਿੰਘ, ਧਰਮ ਪ੍ਰਚਾਰ ਉੱਪ ਦਫ਼ਤਰ ਇੰਚਾਰਜ ਭੋਲਾ ਸਿੰਘ, ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ, ਮੈਨੇਜਰ ਸੁਰਜੀਤ ਸਿੰਘ, ਅਮਰੀਕ ਸਿੰਘ, ਨਿਰਮਲ ਸਿੰਘ, ਨਿਰਮਲਜੀਤ ਸਿੰਘ, ਰਜਿੰਦਰ ਸਿੰਘ, ਗੁਰਸੇਵਕ ਸਿੰਘ, ਇੰਦਰਜੀਤ ਸਿੰਘ, ਜਗਦੇਵ ਸਿੰਘ, ਭਾਗ ਸਿੰਘ, ਹਰਭਗਵਾਨ ਸਿੰਘ, ਰਾਜਪਾਲ ਸਿੰਘ, ਬਲਕਾਰ ਸਿੰਘ, ਇੰਦਰਜੀਤ ਸਿੰਘ, ਜਗਜੀਤ ਸਿੰਘ ਸਮੇਤ ਪ੍ਰਚਾਰਕ ਢਾਡੀ ਤੇ ਕਵੀਸ਼ਰ ਮੌਜੂਦ ਸਨ।

ਅੱਜ ਬਿਜਲੀ ਬੰਦ ਰਹੇਗੀ

ਬੁਢਲਾਡਾ, 28 ਅਕਤੂਬਰ (ਨਿ. ਪ. ਪ.)- 66 ਕੇ.ਵੀ. ਸਬ-ਸਟੇਸ਼ਨ ਬੁਢਲਾਡਾ ਵਿਖੇ ਜ਼ਰੂਰੀ ਮੁਰੰਮਤ ਅਤੇ 66 ਕੇ.ਵੀ. ਲਾਈਨ ਦਾ ਕੰਡਕਟਰ ਬਦਲੀ ਕਰਨ ਲਈ 29 ਅਕਤੂਬਰ ਨੂੰ 66 ਕੇ.ਵੀ. ਸਬ-ਸਟੇਸ਼ਨ ਬੁਢਲਾਡਾ ਅਤੇ ਸਬ ਸਟੇਸ਼ਨ ਦਾਤੇਵਾਸ ਤੋਂ ਚੱਲਦੇ ਸਾਰੇ ਸ਼ਹਿਰੀ ਅਤੇ ਦਿਹਾਤੀ ਫੀਡਰਾਂ ਦੀ ਬਿਜਲੀ ਸਪਲਾਈ ਸਵੇਰੇ 9 ਤੋਂ ਸ਼ਾਮ 5 ਤੱਕ ਬੰਦ ਰਹੇਗੀ। ਇਹ ਜਾਣਕਾਰੀ ਉਪ ਮੰਡਲ ਅਫ਼ਸਰ ਬੁਢਲਾਡਾ ਇੰਜ. ਕੇਵਲ ਸਿੰਘ ਨੇ ਦਿੱਤੀ।

ਬਰੇਟਾ ਵਿਖੇ ਕਲੱਸਟਰ ਅਫ਼ਸਰ ਨੂੰ ਪਰਾਲੀ ਸਬੰਧੀ ਮੰਗ ਪੱਤਰ ਸੌਂਪਦੇ ਹੋਏ ਕਿਸਾਨ। ਤਸਵੀਰ : ਜੀਵਨ ਸ਼ਰਮਾ

ਕਿਸਾਨਾਂ ਨੇ ਝੋਨੇ ਦੀ ਪਰਾਲੀ ਨਾ ਚੁੱਕਣ 'ਤੇ ਸਾਝਨ ਦੀ ਦਿੱਤੀ ਚਿਤਾਵਨੀ

ਬਰੇਟਾ, 28 ਅਕਤੂਬਰ (ਜੀਵਨ ਸ਼ਰਮਾ)- ਝੋਨੇ ਦੀ ਪਰਾਲੀ ਚੁੱਕਣ ਨੂੰ ਲੈ ਕੇ ਬਰੇਟਾ ਪਿੰਡ ਦੇ ਕਿਸਾਨਾਂ ਦੇ ਵਫ਼ਦ ਵਲੋਂ ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੀ ਅਗਵਾਈ ਵਿਚ ਕਲੱਸਟਰ ਅਫ਼ਸਰ ਸਿਕੰਦਰ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਝੋਨੇ ਦਾ ਕਰੀਬ 60 ਫ਼ੀਸਦੀ ਰਕਬਾ ਵੱਢਿਆ ਜਾ ਚੁੱਕਿਆ ਹੈ ਪਰ ਅਜੇ ਤੱਕ 1 ਏਕੜ ਦੀ ਪਰਾਲੀ ਵੀ ਚੁੱਕੀ ਨਹੀਂ ਗਈ, ਜਿਸ ਕਰ ਕੇ ਉਨ੍ਹਾਂ ਦੀ ਕਣਕ ਦੀ ਬਿਜਾਈ ਲੇਟ ਹੋ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਪਰਾਲੀ ਨੂੰ 5 ਦਿਨਾਂ ਵਿਚ ਚੁੱਕ ਲਿਆ ਜਾਵੇ ਨਹੀਂ ਤਾਂ ਉਹ ਅੱਗ ਲਗਾਉਣ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣਾ ਕਿਸਾਨਾਂ ਦੀ ਮਜਬੂਰੀ ਬਣ ਗਈ ਹੈ। ਇਸ ਮੌਕੇ ਤਾਰਾ ਚੰਦ ਬਰੇਟਾ, ਜਸਵਿੰਦਰ ਸਿੰਘ, ਜਗਸੀਰ ਸਿੰਘ, ਸਾਬਕਾ ਪ੍ਰਧਾਨ ਨਗਰ ਕੌਂਸਲ ਗੁਰਦੇਵ ਸਿੰਘ, ਦਰਸ਼ਨ ਸਿੰਘ, ਗੁਰਚਰਨ ਸਿੰਘ, ਕੇਵਲ ਸਿੰਘ, ਅਵਤਾਰ ਸਿੰਘ, ਜਗਰਾਜ ਸਿੰਘ, ਅਮਰਜੀਤ ਸਿੰਘ, ਹਰਦੀਪ ਸਿੰਘ, ਭੋਲਾ ਸਿੰਘ ਆਦਿ ਹਾਜ਼ਰ ਸਨ।

ਖੇਤਰੀ ਯੁਵਕ ਮੇਲੇ 'ਚ ਨਵਜੋਤ ਕੌਰ ਡਿਪਟੀ ਕਮਿਸ਼ਨਰ ਮਾਨਸਾ ਕਲਾਕ੍ਰਿਤੀਆਂ ਵੇਖਦੇ ਹੋਏ। ਤਸਵੀਰਾਂ : ਸੋਮੀ ਮਾਨਸਾ

ਪੰਜਾਬੀ 'ਵਰਸਿਟੀ ਪਟਿਆਲਾ ਦਾ ਮਾਨਸਾ ਜ਼ੋਨ ਦਾ ਖੇਤਰੀ ਯੁਵਕ ਮੇਲਾ ਸ਼ੁਰੂ

43 ਕਾਲਜਾਂ ਦੇ ਵਿਦਿਆਰਥੀ ਕਲਾਕਾਰ ਲੈ ਰਹੇ ਨੇ ਭਾਗ

ਮਾਨਸਾ, 28 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ)- ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਮਾਨਸਾ ਜ਼ੋਨ ਦਾ 4 ਰੋਜ਼ਾ ਖੇਤਰੀ ਯੁਵਕ ਮੇਲਾ ਇੱਥੇ ਸ਼ੁਰੂ ਹੋ ਗਿਆ ਹੈ। ਮੇਜ਼ਬਾਨ ਕਾਲਜ ਐਸ.ਡੀ. ਕੰਨਿਆ ਮਹਾਂਵਿਦਿਆਲਿਆ ਵਲੋਂ ਇਹ ਸਮਾਗਮ ਗਊਸ਼ਾਲਾ ਭਵਨ ਮਾਨਸਾ ਵਿਖੇ ਕਰਵਾਇਆ ਜਾ ਰਿਹਾ ਹੈ। ਪਹਿਲੇ ਦਿਨ ਨਜਵੋਤ ਕੌਰ ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਪੁਲਿਸ ਮੁਖੀ ਭਾਗੀਰਥ ਸਿੰਘ ਮੀਨਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਡੀ.ਸੀ. ਨੇ ਕਿਹਾ ਕਿ ਅਜਿਹੇ ਯੁਵਕ ਮੇਲੇ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ਣ ਅਤੇ ਆਤਮ ਵਿਸ਼ਵਾਸ ਪੈਦਾ ਕਰਨ ਵਿਚ ਅਹਿਮ ਰੋਲ ਅਦਾ ਕਰਦੇ ਹਨ। ਅਧਿਕਾਰੀਆਂ ਨੇ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਵੰਨਗੀਆਂ ਦੇ ਮੁਕਾਬਲੇ ਦੌਰਾਨ ਬਣਾਈਆਂ ਵਸਤਾਂ ਪੀੜ੍ਹੀਆਂ, ਛਿੱਕੂ, ਮਿੱਟੀ ਤੋਂ ਬਣਾਈਆਂ ਕਲਾਕ੍ਰਿਤੀਆਂ ਵੀ ਦੇਖੀਆਂ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਇਸ ਯੂਥ ਮੇਲੇ 'ਚ 43 ਕਾਲਜਾਂ ਦੇ ਵਿਦਿਆਰਥੀ ਕਲਾਕਾਰ ਭਾਗ ਲੈ ਰਹੇ ਹਨ। ਅੱਜ ਭੰਗੜਾ, ਸਕਿੱਟ, ਮਾਈਮ, ਸ਼ਬਦ, ਗੀਤ, ਗਜ਼ਲ, ਪੰਜਾਬੀ ਲੋਕਧਾਰਾ ਤੇ ਸਭਿਆਚਾਰ ਕੁਇਜ਼ ਤੋਂ ਇਲਾਵਾ ਸਭਿਆਚਾਰ ਨੂੰ ਦਰਸਾਉਂਦੀਆਂ ਵੱਖ ਵੱਖ ਵੰਨਗੀਆਂ ਦੇ ਮੁਕਾਬਲੇ ਕਰਵਾਏ ਗਏ ਹਨ। ਇਸ ਮੌਕੇ ਡਾਇਰੈਕਟਰ ਯੁਵਕ ਭਲਾਈ ਵਿਭਾਗ ਪੰਜਾਬੀ ਯੂਨੀਵਰਸਿਟੀ ਡਾ. ਭੀਮਇੰਦਰ ਸਿੰਘ, ਕਾਲਜ ਪ੍ਰਿੰਸੀਪਲ ਗਰਿਮਾ ਮਹਾਜਨ, ਇੰਜੀਨੀਅਰ ਮਨਪ੍ਰੀਤ ਸਿੰਘ ਸਹਾਇਕ ਰਜਿਸਟਰਾਰ ਜਗਤ ਗੁਰੂ ਨਾਨਕ ਦੇਵ ਓਪਨ ਯੂਨੀਵਰਸਿਟੀ ਪਟਿ